# Punjab Dairy Development Board

ਪੰਜਾਬ ਡੇਅਰੀ ਵਿਕਾਸ ਬੋਰਡ

[illegible]

ਫੋਨ ਨੰ. 0172-5027285, 2217020,

Email Id: dir.dairy@punjab.gov.in


ਸੇਵਾ ਵਿਖੇ,

ਡੀ.ਪੀ.ਆਈ. (ਸੈਕੰਡਰੀ),
ਪੰਜਾਬ ਸਕੂਲ ਸਿਖਿਆ ਬੋਰਡ,
ਸੈਕਟਰ-62, ਐਸ.ਏ.ਐਸ. ਨਗਰ।

ਨੰ.ਪੀ.ਡੀ.ਡੀ.ਬੀ/ਪੀ-4/2025/ 3569 ਮਿਤੀ 13-11-2025

ਵਿਸ਼ਾ- ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਸਿਹਤ ਤੇ ਖੁਸ਼ਹਾਲੀ ਲਈ ਦੁੱਧ ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ।

ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਰਾਜ ਵਿੱਚ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਲਈ ਦੁੱਧ ਦੀ ਮਹੱਤਤਾ ਸਬੰਧੀ ਲੇਖ ਮੁਕਾਬਲਾ ਕਰਵਾਇਆ ਜਾ ਰਿਹਾ ਹੈ। ਜਿਸ ਦਾ ਮੁੱਖ ਮਕਸਦ ਇਸ ਵਰਗ ਦੇ ਬੱਚਿਆਂ ਨੂੰ ਦੁੱਧ ਦੀ ਮਹੱਤਤਾ ਬਾਰੇ ਜਾਗਰੂਕ ਕਰਨਾ ਅਤੇ ਨਰੋਈ ਸਿਹਤ ਪ੍ਰਤੀ ਚੇਤਨ ਕਰਨਾ ਹੈ। ਇਸ ਨਾਲ ਬੱਚਿਆਂ ਦੀ ਲਿਖਣ ਕਲਾ ਵਿੱਚ ਵੀ ਨਿਖਾਰ ਆਉਂਦਾ ਹੈ। ਇਸ ਸਾਲ ਦੇ ਲੇਖ ਦਾ ਵਿਸ਼ਾ "ਸਿਹਤ ਤੇ ਖੁਸ਼ਹਾਲੀ ਲਈ ਦੁੱਧ" ਰੱਖਿਆ ਗਿਆ ਹੈ।ਹਰ ਜਿਲੇ ਦੇ ਪਹਿਲੇ ਤਿੰਨ ਸਥਾਨਾਂ ਦੇ ਜੇਤੂਆਂ ਨੂੰ ਇੱਕ ਰਾਜ ਪੱਧਰੀ ਸਮਾਗਮ ਵਿੱਚ ਮਾਨਯੋਗ ਸ. ਗੁਰਮੀਤ ਸਿੰਘ ਖੁੱਡੀਆ ਕੈਬਨਿਟ ਮੰਤਰੀ, ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ, ਫੂਡ ਪ੍ਰੋਸੈਸਿੰਗ ਪੰਜਾਬ ਜੀ ਵੱਲੋ ਸਨਮਾਨਿਤ ਕੀਤਾ ਜਾਵੇਗਾ। ਇਹ ਸਮਾਗਮ 19 ਨਵੰਬਰ 2025 ਨੂੰ ਸਿਲਵਰ ਜੁਬਲੀ ਆਡੀਟੋਰੀਅਮ, ਗੁਰੂ ਅੰਗਦ ਦੇਵ ਵੈਟਨਰੀ ਅਤੇ ਐਨੀਮਲ ਸਾਇੰਸ ਯੂਨੀਵਰਸਿਟੀ, ਲੁਧਿਆਣਾ ਵਿੱਚ ਆਯੋਜਿਤ ਕੀਤਾ ਜਾਵੇਗਾ।

ਆਪ ਜੀ ਨੂੰ ਬੇਨਤੀ ਹੈ ਕਿ ਰਾਜ ਦੇ ਸਾਰੇ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸੂਚਿਤ ਕਰਨ ਦੀ ਖੇਚਲ ਕੀਤੀ ਜਾਵੇ ਜੀ।

ਸੁਪਰਡੈਂਟ ਗ੍ਰੇਡ-1
ਡੇਅਰੀ ਵਿਕਾਸ ਵਿਭਾਗ, ਪੰਜਾਬ

ਪਿੱਠ ਅੰਕਣ ਨੰ. ਪੀ.ਡੀ.ਡੀ.ਬੀ/ਪੀ-4/2025 3570 ਮਿਤੀ 13-11-2025

ਉਪਰੋਕਤ ਦਾ ਉਤਾਰਾ ਡਾਇਰੈਕਟਰ ਜਨਰਲ ਸਕੂਲ ਸਿਖਿਆ ਪੰਜਾਬ, ਮੋਹਾਲੀ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੁਪਰਡੈਂਟ ਗ੍ਰੇਡ-1
ਡੇਅਰੀ ਵਿਕਾਸ ਵਿਭਾਗ, ਪੰਜਾਬ

## ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)ਬਠਿੰਡਾ

ਪਿਠ ਅੰਕਣ ਨੰ ਜੀ-1/1 ( )2025/ 2068 ਮਿਤੀ 18/11/2025

ਉਪਰੋਕਤ ਦਾ ਉਤਾਰਾ ਸਬੰਧਤ ਸਕੂਲ ਮੁੱਖੀਆਂ ਨੂੰ ,ਲਿਖਕੇ ਭੇਜਿਆ ਜਾਂਦਾ ਹੈ ਕਿ ਉਕਤ ਪੱਤਰ ਅਨੁਸਾਰ ਜਿਨ੍ਹਾਂ ਸਕੂਲਾਂ ਵੱਲੋਂ ਵਿਦਿਆਰਥੀਆਂ ਦੇ ਲੇਖ ਮੁਕਾਬਲਿਆਂ ਸਬੰਧੀ ਵਿਦਿਆਰਥੀਆ ਦੇ ਨਾਮ ਭੇਜੇ ਗਏ ਸਨ , ਸਬੰਧਤ ਸਕੂਲ ਮੁੱਖੀ ਦਿੱਤੇ ਗਏ ਸਮੇਂ ਅਤੇ ਸਥਾਨ ਅਨੁਸਾਰ ਪਹੁੰਚਣਾ ਯਕੀਨੀ ਬਣਾਉਣ ।

18/11/25
ਉਪ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)
ਬਠਿੰਡਾ ।
18/11/25

Scanned with CamScanner

2025-162545
18/11/2025

ਦਫਤਰ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ) ਪੰਜਾਬ
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ, ਚੌਥੀ ਮੰਜਿਲ, ਐਸ.ਏ.ਐਸ. ਨਗਰ
(ਸੈਕੰਡਰੀ ਸਿੱਖਿਆ ਸਾਖਾ)

ਵੱਲ

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿ),
ਪੰਜਾਬ।

ਮੀਮੋ ਨੰ. ਈ-935367/ ਸੈਸਿ(1)/2025337895
ਮਿਤੀ ਸ.ਅ.ਸ ਨਗਰ- 18/11/2025

ਵਿਸ਼ਾ :- ਰਾਜ ਵਿਚ ਸੀਨੀਅਰ ਸੈਕੰਡਰੀ ਦੇ ਜਮਾਤਾਂ ਲਈ ਵਿਦਿਆਰਥੀਆਂ ਲਈ ਸਿਹਤ ਤੇ ਖੁਸ਼ਹਾਲੀ ਲਈ ਦੁੱਧ ਵਿਸ਼ੇ ਤੇ ਲੇਖ ਮੁਕਾਬਲਾ ਕਰਵਾਉਣ ਸਬੰਧੀ ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਪ੍ਰਾਪਤ ਪੱਤਰ ਦੀ ਕਾਪੀ ਆਪ ਦੇ ਦਫਤਰ ਦੀ ਈਮੇਲ ਰਾਂਹੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਰਾਜ ਦੇ ਸਮੂਹ ਸਰਕਾਰੀ ਸੀਨੀਅਰ ਸੈਕੰਡਰੀ ਜਮਾਤਾਂ ਦੇ ਵਿਦਿਆਰਥੀਆਂ ਨੂੰ ਇਸ ਲੇਖ ਮੁਕਾਬਲੇ ਵਿਚ ਭਾਗ ਲੈਣ ਲਈ ਪ੍ਰੇਰਿਤ ਕਰਨ ਲਈ ਸਬੰਧਤ ਸਕੂਲਾਂ ਨੂੰ ਮਿਥੀ ਮਿਤੀ ਤੋਂ ਪਹਿਲਾਂ -2 ਭੇਜਣਾ ਯਕੀਨੀ ਬਣਾਇਆ ਜਾਵੇ।

ਸਹਾਇਕ ਡਾਇਰੈਕਟਰ (ਸੈਸਿ)

ਪਿਠ ਅੰਕਣ ਨੰ: ਉਕਤ/2025337896 ਮਿਤੀ,ਸਅਸ ਨਗਰ 18/11/2025

ਉਤਾਰਾ ਪੰਜਾਬ ਡੇਅਰੀ ਵਿਕਾਸ ਬੋਰਡ, ਲਾਈਵਸਟਾਕ ਕੰਪਲੈਕਸ,ਚੌਥੀ ਮੰਜਿਲ,ਨੇੜੇ ਆਰਮੀ ਇੰਸਟੀਚਿਊਟ ਆਫ ਲਾਅ, ਸੈਕਟਰ 68, ਐਸ ਏ ਐਸ ਨਗਰ ਨੂੰ ਸੂਚਨਾਂ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

ਸਹਾਇਕ ਡਾਇਰੈਕਟਰ (ਸੈਸਿ)